**ਪਉੜੀ ॥ ਤੂ ਸਚਾ ਸਾਹਿਬੁ ਸਚੁ ਹੈ ਸਚੁ ਸਚਾ ਗੋਸਾਈ ॥ ਤੁਧੁਨੋ ਸਭ ਧਿਆਇਦੀ ਸਭ ਲਗੈ ਤੇਰੀ ਪਾਈ ॥ ਤੇਰੀ ਸਿਫਤਿ ਸੁਆਲਿਉ ਸਰੂਪ ਹੈ ਜਿਨਿ ਕੀਤੀ ਤਿਸੁ ਪਾਰਿ ਲਘਾਈ ॥ ਗੁਰਮੁਖਾ ਨੋ ਫਲੁ ਪਾਇਦਾ ਸਚਿ ਨਾਮਿ ਸਮਾਈ ॥ ਵਡੇ ਮੇਰੇ ਸਾਹਿਬਾ ਵਡੀ ਤੇਰੀ ਵਡਿਆਈ ॥੧॥ {ਪੰਨਾ 301}**

ਪਦਅਰਥ:- ਸਚਾ—ਸੱਚਾ, ਸਦਾ-ਥਿਰ ਰਹਿਣ ਵਾਲਾ। ਗੋਸਾਈ—ਧਰਤੀ ਦਾ ਖ਼ਸਮ। ਪਾਈ—ਪੈਰਾਂ ਤੇ, ਚਰਨਾਂ ਤੇ। ਸੁਆਲਿਓ—ਸੋਹਣੀ (ਸੁਆਲਿਉ—ਸੋਹਣਾ)। ਨਾਮਿ—ਨਾਮ ਵਿਚ।1।

ਅਰਥ:- ਹੇ ਪ੍ਰਭੂ! ਤੂੰ ਸਦਾ-ਥਿਰ ਰਹਿਣ ਵਾਲਾ ਮਾਲਕ ਹੈਂ ਤੇ ਪ੍ਰਿਥਵੀ ਦਾ ਸੱਚਾ ਸਾਈਂ ਹੈਂ, ਸਾਰੀ ਸ੍ਰਿਸ਼ਟੀ ਤੇਰਾ ਧਿਆਨ ਹੈ ਤੇ ਸਭ ਜੀਅ-ਜੰਤ ਤੇਰੇ ਅਗੇ ਸਿਰ ਨਿਵਾਉਂਦੇ ਹਨ। ਤੇਰੀ ਸਿਫ਼ਤਿ-ਸਾਲਾਹ ਕਰਨੀ ਇਕ ਸੋਹਣੀ ਸੁੰਦਰ ਕਾਰ ਹੈ। ਜਿਸ ਨੇ ਕੀਤੀ ਹੈ, ਉਸ ਨੂੰ (ਸੰਸਾਰ-ਸਾਗਰ ਤੋਂ) ਪਾਰ ਉਤਾਰਦੀ ਹੈ। ਹੇ ਪ੍ਰਭੂ! ਜੋ ਜੀਵ ਸਤਿਗੁਰੂ ਦੇ ਸਨਮੁਖ ਰਹਿੰਦੇ ਹਨ; ਤੂੰ ਉਹਨਾਂ ਦੀ ਘਾਲ (ਸਿਫ਼ਤਿ-ਸਾਲਾਹ ਕਰਨ ਦੀ ਘਾਲ) ਸਫਲ ਕਰਦਾ ਹੈਂ, ਤੇਰੇ ਸੱਚੇ ਨਾਮ ਵਿਚ ਉਹ ਲੀਨ ਹੋ ਜਾਂਦੇ ਹਨ। ਹੇ ਮੇਰੇ ਮਾਲਿਕ (ਪ੍ਰਭੂ! ਜਿਹਾ) ਤੂੰ ਆਪ ਹੈਂ (ਤਿਹੀ) ਤੇਰੀ ਵਡਿਆਈ (ਭੀ) ਵੱਡੀ (ਭਾਵ, ਵੱਡੇ ਗੁਣ ਪੈਦਾ ਕਰਨ ਵਾਲੀ) ਹੈ।1।